# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ

# ਪ੍ਰੈਸ ਨੋਟ

# ਮੇਅਰ ਸ਼ਿਵ ਸੂਦ ਨੇ ਨਗਰ ਨਿਗਮ ਲੁਧਿਆਣਾ ਦੀ ਕਾਰਜ ਪ੍ਰਣਾਲੀ ਦੀ ਜਾਣਕਾਰੀ ਸਬੰਧੀ ਕੀਤਾ ਦੌਰਾ

# ਲੁਧਿਆਣਾ ਦੇ ਮੇਅਰ ਨੇ ਕੀਤਾ ਸ਼ਿਵ ਸੂਦ ਦਾ ਸਨਮਾਨ

ਹੁਸ਼ਿਆਰਪੁਰ 28 ਮਈ ਨਗਰ ਨਿਗਮ ਲੁਧਿਆਣਾ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਅਤੇ ਨਗਰ ਨਿਗਮ, ਲੁਧਿਆਣਾ ਦੀ ਕਾਰਜ ਪ੍ਰਣਾਲੀ ਸਬੰਧੀ ਜਾਣਕਾਰੀ ਲੈਣ ਲਈ ਨਗਰ ਨਿਗਮ, ਹੁਸ਼ਿਆਰਪੁਰ ਦੇ ਮੇਅਰ ਸ਼ਿਵ ਸੂਦ ਨਗਰ ਨਿਗਮ ਲੁਧਿਆਣਾ ਦੇ ਦਫਤਰ ਵਿਖੇ ਪਹੁੰਚੇ, ਮੰਡਲ ਪ੍ਰਧਾਨ ਵਿਨੋਦ ਪਰਮਾਰ, ਕੌਂਸਲਰ ਰਮੇਸ਼ ਕੁਮਾਰ ਠਾਕੁਰ ਅਤੇ ਅਸ਼ੋਕ ਕੁਮਾਰ ਵੀ ਇਸ ਮੌਕੇ ਤੇ ਉਨਾਂ ਦੇ ਨਾਲ ਸਨ। ਦਫਤਰ ਨਗਰ ਨਿਗਮ ਲੁਧਿਆਣਾ ਵਿਖੇ ਪਹੁੰਚਣ ਤੇ ਮੇਅਰ ਹਰਚਰਨ ਸਿੰਘ ਗੋਹਲਵੜੀਆ ਨੇ ਮੇਅਰ ਸ਼ਿਵ ਸੂਦ ਦਾ ਸਵਾਗਤ ਕੀਤਾ। ਮੇਅਰ ਸ਼ਿਵ ਸੂਦ ਨੇ ਨਗਰ ਨਿਗਮ ਲੁਧਿਆਣਾ ਵਲੋ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਅਤੇ ਉਹਨਾਂ ਦੀ ਕਾਰਜ ਪ੍ਰਣਾਲੀ ਸਬੰਧੀ ਵਿਸਥਾਰਪੂਰਵਕ ਵਿਚਾਰ ਵਟਾਂਦਰਾ ਕੀਤਾ। ਲੁਧਿਆਣਾ ਦੇ ਮੇਅਰ ਨੇ ਇਸ ਮੌਕੇ ਤੇ ਨਗਰ ਨਿਗਮ, ਲੁਧਿਆਣਾ ਵਲੋ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਅਤੇ ਸਰਕਾਰ ਵਲੋ ਚਲਾਈਆਂ ਜਾ ਰਹੀਆਂ ਭਲਾਈ ਸਕੀਮਾਂ ਲਾਗੂ ਕਰਨ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਮੋਕੇ ਤੇ ਮੇਅਰ ਹਰਚਰਨ ਸਿੰਘ ਗੋਹਲਵੜੀਆ ਨੇ ਮੇਅਰ ਸ਼ਿਵ ਸੂਦ ਦਾ ਲੁਧਿਆਣਾ ਦੇ ਦਫਤਰ ਨਗਰ ਨਿਗਮ ਤੇ ਆਉਣ ਤੇ ਬੂਕੇ ਅਤੇ ਸਰੋਪਾ ਦੇ ਕੇ ਸਨਮਾਨ ਵੀ ਕੀਤਾ।